ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਗੁਰਪ੍ਰੀਤ ਸਿੰਘ, (62391-22399)
ਪੁੱਤਰ ਸ਼੍ਰੀ ਦਲਜੀਤ ਸਿੰਘ,
ਵਾਸੀ ਵਾਰਡ ਨੰ:5,
ਨੇੜੇ ਹਿੰਦ ਹਸਪਤਾਲ,
ਅਹਿਮਦਗੜ੍ਹ-148021. .......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਅਹਿਮਦਗੜ੍ਹ,
ਜ਼ਿਲ੍ਹਾ ਸੰਗਰੂਰ। ........ਉੱਤਰਦਾਤਾ

**ਸ਼ਿਕਾਇਤ ਕੇਸ ਨੰ:1248 ਆਫ਼ 2018**

**ਹਾਜ਼ਰ:-**

1) ਸ਼੍ਰੀ ਗੁਰਪ੍ਰੀਤ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਵਿਜੈ ਕੁਮਾਰ, ਕਲਰਕ (98889-97496) ਅਤੇ ਸ਼੍ਰੀ ਰੋਹਿਤ ਵਿਕਟਰ, ਕਲਰਕ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-09-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਅਹਿਮਦਗੜ੍ਹ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2013-2018 ਤੱਕ ਸੀਵਰੇਜ਼ ਟਰੀਟਮੈਂਟ ਪਲਾਂਟ ਅਤੇ ਨਵੇਂ ਬਣੇ ਪਾਰਕ ਤੇ ਹੋਏ ਖਰਚੇ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਉਪਰੰਤ ਉਸ ਨੇ ਮਿਤੀ 06-12-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਵਿਜੈ ਕੁਮਾਰ, ਕਲਰਕ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਮੰਗੀ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਸ਼ਿਕਾਇਤਕਰਤਾ ਵੱਲੋਂ ਉੱਤਰਦਾਤਾ ਦੇ ਉਸ ਪੱਤਰ ਨੰ:3069, ਮਿਤੀ 18-10-2018 ਦੀ ਕਾਪੀ ਵੀ ਆਪਣੀ ਸ਼ਿਕਾਇਤ ਦੇ ਨਾਲ ਕਮਿਸ਼ਨ ਨੂੰ ਭੇਜੀ ਹੋਈ ਹੈ ਜਿਸ ਰਾਹੀਂ ਉੱਤਰਦਾਤਾ ਵੱਲੋਂ ਉਸ ਨੂੰ ਸੂਚਨਾ/ਜਵਾਬ ਭੇਜਿਆ ਗਿਆ ਸੀ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਉਸ ਦੀ ਆਰ.ਟੀ.ਆਈ., ਮਿਤੀ 24-09-2018 ਦੇ ਸਬੰਧ ਵਿੱਚ ਨਿਰਧਾਰਿਤ ਸਮੇਂ ਅੰਦਰ ਭਾਵ ਮਿਤੀ 18-10-2018 ਨੂੰ ਜਵਾਬ ਭੇਜਿਆ ਗਿਆ ਸੀ ਜਿਸ ਕਰਕੇ ਇਹ ਸ਼ਕਾਇਤ ਕੇਸ ਨਹੀਂ ਬਣਦਾ।ਸ਼ਿਕਾਇਤਕਰਤਾ ਨੂੰ ਕਮਿਸ਼ਨ ਕੋਲ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਨੂੰ ਪਹੁੰਚ ਕਰਨੀ ਚਾਹੀਦੀ ਸੀ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ/ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 13 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਗੁਰਪ੍ਰੀਤ ਸਿੰਘ, (62391-22399)
ਪੁੱਤਰ ਸ਼੍ਰੀ ਦਲਜੀਤ ਸਿੰਘ,
ਵਾਸੀ ਵਾਰਡ ਨੰ:5,
ਨੇੜੇ ਹਿੰਦ ਹਸਪਤਾਲ,
ਅਹਿਮਦਗੜ੍ਹ-148021. .......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਅਹਿਮਦਗੜ੍ਹ,
ਜ਼ਿਲ੍ਹਾ ਸੰਗਰੂਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:1249 ਆਫ਼ 2018**

**ਹਾਜ਼ਰ:-**

1) ਸ਼੍ਰੀ ਗੁਰਪ੍ਰੀਤ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਵਿਜੈ ਕੁਮਾਰ, ਕਲਰਕ (98889-97496) ਅਤੇ ਸ਼੍ਰੀ ਰੋਹਿਤ ਵਿਕਟਰ, ਕਲਰਕ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-09-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਅਹਿਮਦਗੜ੍ਹ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਵਾਰਡ ਨੰ:5 ਵਿੱਚ ਨਾਲੀਆਂ ਅੰਡਰ-ਗਰਾਊਂਡ ਅਤੇ ਇੰਟਰਲੌਕ ਟਾਈਲਾਂ ਲਾਉਣ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਉਪਰੰਤ ਉਸ ਨੇ ਮਿਤੀ 06-12-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਵਿਜੈ ਕੁਮਾਰ, ਕਲਰਕ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਮੰਗੀ ਸੂਚਨਾ ਪਹਿਲਾਂ ਹੀ ਮੁਹੱਈਆ ਕਰਵਾਈ ਜਾ ਚੁੱਕੀ ਹੈ। ਸ਼ਿਕਾਇਤਕਰਤਾ ਵੱਲੋਂ ਉੱਤਰਦਾਤਾ ਦੇ ਉਸ ਪੱਤਰ ਨੰ:3071, ਮਿਤੀ 18-10-2018 ਦੀ ਕਾਪੀ ਵੀ ਆਪਣੀ ਸ਼ਿਕਾਇਤ ਦੇ ਨਾਲ ਕਮਿਸ਼ਨ ਨੂੰ ਭੇਜੀ ਹੋਈ ਹੈ ਜਿਸ ਰਾਹੀਂ ਉੱਤਰਦਾਤਾ ਵੱਲੋਂ ਉਸ ਨੂੰ ਸੂਚਨਾ/ਜਵਾਬ ਭੇਜਿਆ ਗਿਆ ਸੀ। ਸ਼ਿਕਾਇਤਕਰਤਾ ਵੱਲੋਂ ਆਪਣੀ ਆਰ.ਟੀ.ਆਈ. ਸਹੀ ਢੰਗ ਨਾਲ ਨਹੀਂ ਪਾਈ ਗਈ ਸੀ, ਫਿਰ ਵੀ ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਉਸ ਦੀ ਆਰ.ਟੀ.ਆਈ., ਮਿਤੀ 21-09-2018 ਦੇ ਸਬੰਧ ਵਿੱਚ ਨਿਰਧਾਰਿਤ ਸਮੇਂ ਅੰਦਰ ਭਾਵ ਮਿਤੀ 18-10-2018 ਨੂੰ ਜਵਾਬ ਭੇਜਿਆ ਗਿਆ ਸੀ ਜਿਸ ਕਰਕੇ ਇਹ ਸ਼ਕਾਇਤ ਕੇਸ ਨਹੀਂ ਬਣਦਾ।ਸ਼ਿਕਾਇਤਕਰਤਾ ਨੂੰ ਕਮਿਸ਼ਨ ਕੋਲ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਨੂੰ ਪਹੁੰਚ ਕਰਨੀ ਚਾਹੀਦੀ ਸੀ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ/ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 13 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਬਲਵੀਰ ਸਿੰਘ, (70090-01503)
ਪੁੱਤਰ ਸ਼੍ਰੀ ਚੰਦ ਸਿੰਘ,
ਵਾਸੀ ਵਾਰਡ ਨੰ:5,
ਨੇੜੇ ਹਿੰਦ ਹਸਪਤਾਲ,
ਅਹਿਮਦਗੜ੍ਹ -148021. .......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਅਹਿਮਦਗੜ੍ਹ,
ਜ਼ਿਲ੍ਹਾ ਸੰਗਰੂਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:1250 ਆਫ਼ 2018**

**ਹਾਜ਼ਰ:-**

1) ਸ਼੍ਰੀ ਬਲਵੀਰ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਵਿਜੈ ਕੁਮਾਰ, ਕਲਰਕ (98889-97496) ਅਤੇ ਸ਼੍ਰੀ ਰੋਹਿਤ ਵਿਕਟਰ, ਕਲਰਕ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-09-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਅਹਿਮਦਗੜ੍ਹ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2015 ਤੋਂ 2018 ਤੱਕ ਵਾਰਡ ਨੰ:3 ਵਿੱਚ ਹੋਏ ਖਰਚੇ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਉਪਰੰਤ ਉਸ ਨੇ ਮਿਤੀ 06-12-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਵਿਜੈ ਕੁਮਾਰ, ਕਲਰਕ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਮੰਗੀ ਸੂਚਨਾ ਪਹਿਲਾਂ ਹੀ ਮੁਹੱਈਆ ਕਰਵਾਈ ਜਾ ਚੁੱਕੀ ਹੈ। ਸ਼ਿਕਾਇਤਕਰਤਾ ਵੱਲੋਂ ਉੱਤਰਦਾਤਾ ਦੇ ਉਸ ਪੱਤਰ ਨੰ:3072, ਮਿਤੀ 18-10-2018 ਦੀ ਕਾਪੀ ਵੀ ਆਪਣੀ ਸ਼ਿਕਾਇਤ ਦੇ ਨਾਲ ਕਮਿਸ਼ਨ ਨੂੰ ਭੇਜੀ ਹੋਈ ਹੈ ਜਿਸ ਰਾਹੀਂ ਉੱਤਰਦਾਤਾ ਵੱਲੋਂ ਉਸ ਨੂੰ ਸੂਚਨਾ/ਜਵਾਬ ਭੇਜਿਆ ਗਿਆ ਸੀ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਉਸ ਦੀ ਆਰ.ਟੀ.ਆਈ., ਮਿਤੀ 24-09-2018 ਦੇ ਸਬੰਧ ਵਿੱਚ ਨਿਰਧਾਰਿਤ ਸਮੇਂ ਅੰਦਰ ਭਾਵ ਮਿਤੀ 18-10-2018 ਨੂੰ ਜਵਾਬ ਭੇਜਿਆ ਗਿਆ ਸੀ ਜਿਸ ਕਰਕੇ ਇਹ ਸ਼ਕਾਇਤ ਕੇਸ ਨਹੀਂ ਬਣਦਾ।ਸ਼ਿਕਾਇਤਕਰਤਾ ਨੂੰ ਕਮਿਸ਼ਨ ਕੋਲ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਨੂੰ ਪਹੁੰਚ ਕਰਨੀ ਚਾਹੀਦੀ ਸੀ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ/ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 13 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਰਾਜੇਸ਼ ਗੋਇਲ, (99148-70555)
ਪੁੱਤਰ ਸ਼੍ਰੀ ਦੇਸ ਰਾਜ,
ਵਾਸੀ ਵਾਰਡ ਨੰ:5,
ਨੇੜੇ ਹਿੰਦ ਹਸਪਤਾਲ,
ਅਹਿਮਦਗੜ੍ਹ -148021. .......ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਅਹਿਮਦਗੜ੍ਹ,
ਜ਼ਿਲ੍ਹਾ ਸੰਗਰੂਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:1251 ਆਫ਼ 2018**

**ਹਾਜ਼ਰ:-**

1) ਸ਼੍ਰੀ ਰਾਜੇਸ਼ ਗੋਇਲ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਵਿਜੈ ਕੁਮਾਰ, ਕਲਰਕ (98889-97496) ਅਤੇ ਸ਼੍ਰੀ ਰੋਹਿਤ ਵਿਕਟਰ, ਕਲਰਕ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-09-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਅਹਿਮਦਗੜ੍ਹ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਡਾਕਟਰ ਅੰਬੇਦਕਰ ਬੁੱਤ ਤੋਂ ਗਊਸ਼ਾਲਾ ਤੱਕ ਨਵੀਂ ਬਣੀ ਸੜਕ ਅਤੇ ਵਾਰਡ ਨੰ:5 ਦੀ ਗਲੀਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਉਪਰੰਤ ਉਸ ਨੇ ਮਿਤੀ 06-12-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਵਿਜੈ ਕੁਮਾਰ, ਕਲਰਕ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਕੋਲੋਂ ਉਸ ਦੀ ਆਰ.ਟੀ.ਆਈ. ਸਬੰਧੀ ਸਪੱਸ਼ਟੀਕਰਣ ਮੰਗਿਆ ਸੀ ਜ਼ੋ ਕਿ ਉਸ ਵੱਲੋਂ ਨਹੀਂ ਦਿੱਤਾ ਗਿਆ। ਸ਼ਿਕਾਇਤਕਰਤਾ ਵੱਲੋਂ ਉੱਤਰਦਾਤਾ ਦੇ ਉਸ ਪੱਤਰ ਨੰ:3068, ਮਿਤੀ 18-10-2018 ਦੀ ਕਾਪੀ ਵੀ ਆਪਣੀ ਸ਼ਿਕਾਇਤ ਦੇ ਨਾਲ ਕਮਿਸ਼ਨ ਨੂੰ ਭੇਜੀ ਹੋਈ ਹੈ ਜਿਸ ਰਾਹੀਂ ਉੱਤਰਦਾਤਾ ਵੱਲੋਂ ਉਸ ਕੋਲੋਂ ਆਰ.ਟੀ.ਆਈ. ਸਬੰਧੀ ਸਪੱਸ਼ਟੀਕਰਣ ਮੰਗਿਆ ਸੀ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਉਸ ਦੀ ਆਰ.ਟੀ.ਆਈ., ਮਿਤੀ 24-09-2018 ਦੇ ਸਬੰਧ ਵਿੱਚ ਨਿਰਧਾਰਿਤ ਸਮੇਂ ਅੰਦਰ ਭਾਵ ਮਿਤੀ 18-10-2018 ਨੂੰ ਜਵਾਬ ਭੇਜਿਆ ਗਿਆ ਸੀ ਜਿਸ ਕਰਕੇ ਇਹ ਸ਼ਕਾਇਤ ਕੇਸ ਨਹੀਂ ਬਣਦਾ।ਸ਼ਿਕਾਇਤਕਰਤਾ ਨੂੰ ਕਮਿਸ਼ਨ ਕੋਲ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਨੂੰ ਪਹੁੰਚ ਕਰਨੀ ਚਾਹੀਦੀ ਸੀ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਭੇਜੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 13 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਰਾਜੇਸ਼ ਗੋਇਲ, (99148-70555)
ਪੁੱਤਰ ਸ਼੍ਰੀ ਦੇਸ ਰਾਜ,
ਵਾਸੀ ਵਾਰਡ ਨੰ:5,
ਨੇੜੇ ਹਿੰਦ ਹਸਪਤਾਲ,
ਅਹਿਮਦਗੜ੍ਹ -148021. .......ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਅਹਿਮਦਗੜ੍ਹ,
ਜ਼ਿਲ੍ਹਾ ਸੰਗਰੂਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:1252 ਆਫ਼ 2018**

**ਹਾਜ਼ਰ:-**

1) ਸ਼੍ਰੀ ਰਾਜੇਸ਼ ਗੋਇਲ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਵਿਜੈ ਕੁਮਾਰ, ਕਲਰਕ (98889-97496) ਅਤੇ ਸ਼੍ਰੀ ਰੋਹਿਤ ਵਿਕਟਰ, ਕਲਰਕ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-09-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਅਹਿਮਦਗੜ੍ਹ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2015 ਤੋਂ ਮਾਰਚ, 2018 ਤੱਕ ਵਾਰਡ ਨੰ:5 ਵਿੱਚ ਹੋਏ ਖਰਚੇ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਉਪਰੰਤ ਉਸ ਨੇ ਮਿਤੀ 06-12-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਵਿਜੈ ਕੁਮਾਰ, ਕਲਰਕ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਮੰਗੀ ਸੂਚਨਾ ਪਹਿਲਾਂ ਹੀ ਮੁਹੱਈਆ ਕਰਵਾਈ ਜਾ ਚੁੱਕੀ ਹੈ। ਸ਼ਿਕਾਇਤਕਰਤਾ ਵੱਲੋਂ ਉੱਤਰਦਾਤਾ ਦੇ ਉਸ ਪੱਤਰ ਨੰ:3070, ਮਿਤੀ 18-10-2018 ਦੀ ਕਾਪੀ ਵੀ ਆਪਣੀ ਸ਼ਿਕਾਇਤ ਦੇ ਨਾਲ ਕਮਿਸ਼ਨ ਨੂੰ ਭੇਜੀ ਹੋਈ ਹੈ ਜਿਸ ਰਾਹੀਂ ਉੱਤਰਦਾਤਾ ਵੱਲੋਂ ਉਸ ਨੂੰ ਸੂਚਨਾ/ਜਵਾਬ ਭੇਜਿਆ ਗਿਆ ਸੀ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਉਸ ਦੀ ਆਰ.ਟੀ.ਆਈ., ਮਿਤੀ 21-09-2018 ਦੇ ਸਬੰਧ ਵਿੱਚ ਨਿਰਧਾਰਿਤ ਸਮੇਂ ਅੰਦਰ ਭਾਵ ਮਿਤੀ 18-10-2018 ਨੂੰ ਜਵਾਬ ਭੇਜਿਆ ਗਿਆ ਸੀ ਜਿਸ ਕਰਕੇ ਇਹ ਸ਼ਕਾਇਤ ਕੇਸ ਨਹੀਂ ਬਣਦਾ।ਸ਼ਿਕਾਇਤਕਰਤਾ ਨੂੰ ਕਮਿਸ਼ਨ ਕੋਲ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਨੂੰ ਪਹੁੰਚ ਕਰਨੀ ਚਾਹੀਦੀ ਸੀ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ/ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 13 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਮੇਵਾ ਸਿੰਘ, (94173-60789)
ਪੁੱਤਰ ਸ਼੍ਰੀ ਬੀਰਬਲ ਸਿੰਘ,
ਵਾਰਡ ਨੰ 3, ਉੱਡਤ ਰੋਡ, ਬੋਹਾ,
ਤਹਿਸੀਲ ਬੁਢਲਾਡਾ,
ਜ਼ਿਲ੍ਹਾ ਮਾਨਸਾ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਪੰਚਾਇਤ, ਬੋਹਾ, ਤਹਿਸੀਲ ਬੁਢਲਾਡਾ,
ਜ਼ਿਲ੍ਹਾ ਮਾਨਸਾ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 1254 ਆਫ਼ 2018**

**ਹਾਜ਼ਰ:-**

1) ਸ਼੍ਰੀ ਮੇਵਾ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਡੀ.ਸੀ. ਸਿੰਘ, ਜੂਨੀਅਰ ਸਹਾਇਕ (75298-00142) ਅਤੇ ਸ਼੍ਰੀ ਧਰਮ ਪਾਲ, ਇੰਸਪੈਕਟਰ (99152-58640)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-06-2017, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਬੋਹਾ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਉੱਡਤ ਰੋਡ, ਬੋਹਾ ਵਿਖੇ ਬੀ.ਐਸ.ਐਨ.ਐਲ. ਟਾਵਰ ਵਾਲੀ ਗਲੀ ਵਿੱਚ ਚੱਲ ਰਹੇ ਕੰਮਾਂ ਨਾਲ ਸਬੰਧਤ 11 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਉਪਰੰਤ ਉਸ ਨੇ ਮਿਤੀ 06-12-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਡੀ.ਸੀ. ਸਿੰਘ, ਜੂਨੀਅਰ ਸਹਾਇਕ ਨੇ ਕਿਹਾ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਨੁਕਤਾਵਾਰ ਸੂਚਨਾ ਪਹਿਲਾਂ ਹੀ ਦੋ ਵਾਰ ਸ਼ਿਕਾਇਤਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜੀ ਜਾ ਚੁੱਕੀ ਹੈ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ੀ ਦੌਰਾਨ ਸ਼ਿਕਾਇਤਕਰਤਾ ਨੂੰ ਫਿਰ ਦਸਤੀ ਸੂਚਨਾ ਦੇ ਦਿੱਤੀ ਗਈ ਹੈ। ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੇ ਜਾਣ ਬਾਰੇ ਡਿਸਪੈਚ ਰਜਿਸਟਰ ਪੇਸ਼ੀ ਦੀ ਅਗਲੀ ਮਿਤੀ ਤੇ ਪੇਸ਼ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 18-03-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 13 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2, ਕਰਤਾਰ ਨਗਰ,
ਅਮਲੋਹ ਰੋਡ, ਖੰਨਾ-141401,
ਜ਼ਿਲ੍ਹਾ ਲੁਧਿਆਣਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਲੁਧਿਆਣਾ। .......... ਉੱਤਰਦਾਤਾ

**ਅਪੀਲ ਕੇਸ ਨੰ:2434 ਆਫ਼ 2018**

**ਹਾਜ਼ਰ:-**

1) ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਕੇਵਲ ਸਿੰਘ, ਜੂਨੀਅਰ ਇੰਜੀਨੀਅਰ (94647-37480)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-01-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮੁਕੰਮਲ ਐਮ.ਬੀ. ਬੁੱਕ 425 ਅਤੇ ਐਮ.ਬੀ. ਬੁੱਕਾਂ ਜਾਰੀ ਕਰਨ ਨਾਲ ਸਬੰਧਤ ਰਜਿਸਟਰ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2018 ਨੂੰ ਪਹਿਲੀ ਸੁਣਵਾਈ ਮਿਤੀ 19-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਮਿਤੀ 16-10-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਐਮ.ਬੀ. ਨੰ:425 ਬਾਰੇ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਕੇਵਲ ਸਿੰਘ, ਜੂਨੀਅਰ ਇੰਜੀਨੀਅਰ ਨੇ ਪੱਤਰ ਨੰ:39-40, ਮਿਤੀ 12-02-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਪੇਸ਼ ਕੀਤਾ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਇਸ ਕੇਸ ਵਿੱਚ ਐਮ.ਬੀ.ਨੰ:425 ਦੀ ਇੰਸਪੈਕਸ਼ਨ ਦੇ ਸਬੰਧ ਵਿੱਚ ਐਮ.ਬੀ. ਨੰ:425 ਦੀ ਭਾਲ ਲਈ ਨਗਰ ਕੌਂਸਿਲ ਦੀਆਂ ਸਾਰੀਆਂ ਬਰਾਂਚਾਂ ਨੂੰ ਲਿਖਿਆ ਗਿਆ ਸੀ। ਸਾਰੀਆਂ ਬਰਾਂਚਾਂ ਵੱਲੋਂ ਲਿਖ ਕੇ ਆਇਆ ਹੋ ਕਿ ਐਮ.ਬੀ.ਨੰ:425 ਦੀ ਭਾਲ ਕੀਤੀ ਗਈ ਅਤੇ ਇਹ ਮਾਪ ਪੁਸਤਕ ਉਨ੍ਹਾਂ ਦੀ ਬਰਾਂਚ ਵਿੱਚ ਨਹੀਂ ਹੈ ਜਿਸ ਤੇ ਨਗਰ ਕੌਂਸਿਲ ਵੱਲੋਂ ਮਾਪ ਪੁਸਤਕ 425 ਨਾ ਮਿਲਣ ਕਰਕੇ ਪੁਲਿਸ ਸਟੇਸ਼ਨ, ਮੰਡੀ ਗੋਬਿੰਦਗੜ੍ਹ ਵਿਖੇ ਐਫ.ਆਈ.ਆਰ. ਦਰਜ ਕਰਵਾ ਦਿੱਤੀ ਗਈ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 13 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਮਦਨ ਲਾਲ, (98723-67068)
ਪੁੱਤਰ ਸ਼੍ਰੀ ਓਮ ਪ੍ਰਕਾਸ਼,
ਐਮ.ਸੀ.ਬੀ. ਜ਼ੋਨ 2,
ਮਕਾਨ ਨੰ:10803,
ਪਰਿੰਦਾ ਰੋਡ 18,
ਗੁਰੂ ਤੇਗ ਬਹਾਦਰ ਨਗਰ,
ਬਠਿੰਡਾ-151001. ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ,
ਨਗਰ ਨਿਗਮ, ਬਠਿੰਡਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਕਮਿਸ਼ਨਰ,
ਨਗਰ ਨਿਗਮ, ਬਠਿੰਡਾ। .......... ਉੱਤਰਦਾਤਾ

**ਅਪੀਲ ਕੇਸ ਨੰ:2744 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ), ਵੱਲੋਂ ਸ਼੍ਰੀ ਬਲਰਾਜ ਸਿੰਘ, ਜੂਨੀਅਰ ਇੰਜੀਨੀਅਰ (94658-19866) ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 15-01-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬਲਰਾਜ ਸਿੰਘ,ਜੂਨੀਅਰ ਇੰਜੀਨੀਅਰ ਨੇ ਦੱਸਿਆ ਸੀ ਕਿ ਉਨ੍ਹਾਂ ਦੇ ਪੱਤਰ ਨੰ:1649, ਮਿਤੀ 11-06-2018 ਅਤੇ ਪੱਤਰ ਨੰ:2992, ਮਿਤੀ 20-11-2018 ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 13-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਵੀ ਸੂਚਿਤ ਕੀਤਾ ਗਿਆ ਹੈ। ਅੱਜ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬਲਰਾਜ ਸਿੰਘ, ਜੂਨੀਅਰ ਇੰਜੀਨੀਅਰ, ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਸੂਚਨਾ ਲੈ ਕੇ ਆਇਆ ਹੈ ਜਿਸ ਦੀ ਇੱਕ ਕਾਪੀ ਪੱਤਰ ਨੰ:460-461, ਮਿਤੀ 12-02-2019 ਰਾਹੀਂ ਕਮਿਸ਼ਨ ਨੂੰ ਵੀ ਪੇਸ਼ ਕੀਤੀ ਗਈ ਹੈ ਜ਼ੋ ਕਿ ਮਿਸਲ ਤੇ ਰੱਖ ਲਈ ਗਈ ਹੈ। ਹਾਜ਼ਰ ਉੱਤਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਸੂਚਨਾ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਅਪੀਲਕਰਤਾ ਵੱਲੋਂ ਸੂਚਨਾ ਪ੍ਰਾਪਤ ਕੀਤੇ ਜਾਣ ਦੀ ਪੁਸ਼ਟੀ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 12-03-2019 ਨੂੰ ਸਵੇਰੇ 11.30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 13 ਫਰਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸਤੀਸ਼ ਕੁਮਾਰ ਭੀਰੀ, ਐਡਵੋਕੇਟ, (94176-12036)
ਨੇੜੇ ਨਹਿਰੂ ਪਾਰਕ, ਜੈਤੋ,
ਜ਼ਿਲ੍ਹਾ ਫਰੀਦਕੋਟ-151202. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਜੈਤੋ,
ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ,ਪੰਜਾਬ,
ਫਿਰੋਜ਼ਪੁਰ।

ਸ਼੍ਰੀ ਅੱਪਰ ਅਪਾਰ,
ਕਾਰਜ ਸਾਧਕ ਅਫਸਰ-ਕਮ-
ਲੋਕ ਸੂਚਨਾ ਅਧਿਕਾਰੀ,
ਨਗਰ ਕੌਂਸਿਲ, ਜੈਤੋ, ਫਰੀਦਕੋਟ। .......... ਉੱਤਰਦਾਤਾ

**ਅਪੀਲ ਕੇਸ ਨੰ:2765 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਪਰ ਅਪਾਰ ਸਿੰਘ, ਕਾਰਜ ਸਾਧਕ ਅਫਸਰ (98768-29714) ਅਤੇ ਰਜਨੀਸ਼ ਸੂਦ, ਕਾਰਜ ਸਾਧਕ ਅਫਸਰ (97804-10300)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-06-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਜੈਤੋ, ਫਰੀਦਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਅਪ੍ਰੈਲ 2012 ਤੋ ਮਈ, 2018 ਤੱਕ ਚੱਲ ਰਹੇ ਕੋਰਟ ਕੇਸਾਂ ਆਦਿ ਨਾਲ ਸਬੰਧਤ 5 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 16-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-09-2018 ਨੂੰ ਪਹਿਲੀ ਸੁਣਵਾਈ ਮਿਤੀ 15-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 15-01-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਈ.ਮੇਲ., ਮਿਤੀ 15-01-2018 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਦੋ ਪੇਸ਼ੀਆ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਸੀ ਜਿਸ ਦਾ

ਚਲਦਾ---ਪੰਨਾ/2

**ਅਪੀਲ ਕੇਸ ਨੰ:2765 ਆਫ਼ 2018**

ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲੈਂਦੇ ਹੋਏ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 15-01-2019 ਰਾਹੀਂ ਉੱਤਰਦਾਤਾ, ਸ਼੍ਰੀ ਅੱਪਰ ਅਪਾਰ, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ, ਜੈਤੋ, ਫਰੀਦਕੋਟ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕਰਦੇ ਹੋਏ ਉਸ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ, ਮਿਤੀ 13-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਸਮੇਂ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਸ਼੍ਰੀ ਅਪਰ ਅਪਾਰ ਸਿੰਘ, ਕਾਰਜ ਸਾਧਕ ਅਫਸਰ ਨੇ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਮਿਤੀ 11-02-2019 ਨੂੰ ਸੂਚਨਾ ਦਸਤੀ ਮੁਹੱਈਆ ਕਰਵਾ ਦਿੱਤੀ ਗਈ ਹੈ। ਇਸ ਦੇ ਸਬੂਤ ਵਜੋਂ ਉਨ੍ਹਾਂ ਵੱਲੋਂ ਅਪੀਲਕਰਤਾ ਕੋਲੋਂ ਪ੍ਰਾਪਤ ਕੀਤੀ ਗਈ ਰਸੀਦ ਦੀ ਕਾਪੀ ਪੇਸ਼ ਕੀਤੀ ਗਈ ਹੈ ਜਿਸ ਅਨੁਸਾਰ ਅਪੀਲਕਰਤਾ ਵੱਲੋਂ ਮਿਤੀ 11-02-2019 ਨੂੰ ਸੂਚਨਾ ਪ੍ਰਾਪਤ ਕਰਦੇ ਹੋਏ ਇਹ ਵੀ ਕਿਹਾ ਗਿਆ ਹੈ ਕਿ ਉਸ ਨੂੰ ਕੇਸ ਬੰਦ ਕਰਨ ਤੇ ਕੋਈ ਇਤਰਾਜ਼ ਨਹੀਂ ਹੈ। ਇਸ ਤੋਂ ਇਲਾਵਾ ਹਾਜ਼ਰ ਉੱਤਰਦਾਤਾ, ਸ਼੍ਰੀ ਅਪਰ ਅਪਾਰ ਸਿੰਘ, ਕਾਰਜ ਸਾਧਕ ਅਫਸਰ ਵੱਲੋ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 15-01-2019 ਰਾਹੀਂ ਉਸ ਨੂੰ ਜਾਰੀ ਕੀਤੇ ਗਏ ਕਾਰਨ-ਦੱਸੋ ਨੋਟਿਸ ਸਬੰਧੀ ਪੱਤਰ ਨੰ:242, ਮਿਤੀ 12-02-2019 ਰਾਹੀਂ ਆਪਣਾ ਸਪੱਸ਼ਟੀਕਰਣ ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਲਈ ਹਾਜ਼ਰ ਉੱਤਰਤਦਾਤਾ ਵੱਲੋਂ ਇਹ ਅਪੀਲ ਕੇਸ ਦਾਖਲ ਦਫ਼ਤਰ ਕਰਨ ਅਤੇ ਕਾਰਨ-ਦੱਸੋ ਨੋਟਿਸ ਖਾਰਜ ਕਰਨ ਲਈ ਬੇਨਤੀ ਕੀਤੀ ਗਈ ਹੈ।

4. ਹਾਜ਼ਰ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ ਅਤੇ ਕਾਰਨ-ਦੱਸੋ ਨੋਟਿਸ ਸਬੰਧੀ ਆਪਣਾ ਸਪੱਸ਼ਟੀਕਰਣ ਪੇਸ਼ ਕਰ ਦਿੱਤਾ ਗਿਆ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਗਈ ਸੂਚਨਾ ਅਤੇ ਕਾਰਨ-ਦੱਸੋ ਨੋਟਿਸ ਸਬੰਧੀ ਪੇਸ਼ ਕੀਤਾ ਗਿਆ ਸਪੱਸ਼ਟੀਕਰਣ, ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਕਮਿਸ਼ਨ ਦੇ ਹੁਕਮ, ਮਿਤੀ 15-01-2019 ਰਾਹੀਂ ਸ਼੍ਰੀ ਅੱਪਰ ਅਪਾਰ, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ, ਜੈਤੋ, ਫਰੀਦਕੋਟ ਨੂੰ ਜਾਰੀ ਕੀਤਾ ਗਿਆ **ਕਾਰਨ-ਦੱਸੋ ਨੋਟਿਸ ਖਾਰਜ** ਕੀਤਾ ਜਾਂਦਾ ਹੈ ਅਤੇ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 13 ਫਰਵਰੀ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ੍ਰੀ ਸੱਤਿਆ ਪਾਲ ਬਾਂਸਲ, (78889-27021)
#347, ਸੈਕਟਰ 30-ਏ,
ਚੰਡੀਗੜ-160030। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ, ਸਿੱਖਿਆ ਭਵਨ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ, ਸਿੱਖਿਆ ਭਵਨ,
ਮੁਹਾਲੀ।

ਡਾਕਟਰ ਲਖਵਿੰਦਰ ਸਿੰਘ,
ਡਿਪਟੀ ਡਾਇਰੈਕਟਰ-ਕਮ-
ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),ਪੰਜਾਬ,
ਸਿੱਖਿਆ ਭਵਨ, ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:3306 ਆਫ਼ 2018**

**ਹਾਜ਼ਰ:-**
1) ਸ੍ਰੀ ਸੱਤਿਆ ਪਾਲ ਬਾਂਸਲ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਲਖਵਿੰਦਰ ਸਿੰਘ, ਡਿਪਟੀ ਡਾਇਰੈਕਟਰ (97799-44476) ਅਤੇ ਸ਼੍ਰੀ ਜਤਿੰਦਰ ਪੁਰੀ, ਸੀਨੀਅਰ ਸਹਾਇਕ (98720-89729)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 26-05-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ, ਵੱਲੋਂ ਆਪਣੇ ਮੀਮੋ:ਨੰ:1/26-2007-ਪੈਨਸ਼ਨ ਸੈੱਲ, ਮਿਤੀ 02-01-2008 ਰਾਹੀਂ ਸਮੂਹ ਕਾਲਿਜ਼ਾਂ ਦੇ ਪ੍ਰਿੰਸੀਪਲਾਂ ਨੂੰ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਪਾਲਣਾ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 14-11-2018 ਨੂੰ ਪਹਿਲੀ ਸੁਣਵਾਈ ਮਿਤੀ 11-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 11-12-2018 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਜਤਿੰਦਰ ਪੁਰੀ, ਸੀਨੀਅਰ ਸਹਾਇਕ ਨੇ ਪੱਤਰ ਨੰ:16/05-2018-ਗ੍ਰਾਂਟ-2(5), ਮਿਤੀ 04-09-2018 ਦੀ ਦਫ਼ਤਰੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਮਿਤੀ 04-09-2018 ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਪੱਤਰ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਸੀ। ਅਪੀਲਕਰਤਾ ਨੇ ਰਜਿਸਟਰੀ ਵਾਲਾ ਲਿਫ਼ਾਫਾ ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਉੱਤਰਦਾਤਾ ਵੱਲੋਂ ਮਿਤੀ 04-09-2018 ਵਾਲਾ ਪੱਤਰ ਮਿਤੀ 26-09-2018 ਨੂੰ ਰਜਿਸਟਰੀ ਰਾਹੀਂ ਭੇਜਿਆ ਗਿਆ ਸੀ ਜੋ ਕਿ ਉਸ ਨੂੰ ਮਿਤੀ 29-09-2018 ਨੂੰ ਪ੍ਰਾਪਤ ਹੋਇਆ ਸੀ। ਉਸ ਵੱਲੋਂ ਇਹ ਵੀ ਕਿਹਾ ਗਿਆ ਸੀ ਕਿ ਉੱਤਰਦਾਤਾ ਵੱਲੋਂ ਇਸ ਪੱਤਰ ਰਾਹੀਂ ਅਪੀਲਕਰਤਾ ਨੂੰ ਸੂਚਨਾ ਨਹੀਂ ਦਿੱਤੀ ਗਈ ਬਲਕਿ ਕੇਵਲ ਇਹ ਸੂਚਿਤ ਕੀਤਾ ਗਿਆ ਹੈ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਬਾਰੇ ਐਸ.ਐਸ.ਡੀ.

ਚਲਦਾ---ਪੰਨਾ/2

ਕਾਲਿਜ ਬਠਿੰਡਾ ਦੇ ਨਾਲ ਮਾਨਯੋਗ ਹਾਈ ਕੋਰਟ ਵਿੱਚ ਮੁਕੱਦਮਾ ਪੈਂਡਿੰਗ ਹੈ, ਜਿਸ ਕਰਕੇ ਆਰ.ਟੀ.ਆਈ. ਐਕਟ ਦੀ ਧਾਰਾ 8(11) ਬੀ ਦੇ ਅਨੁਸਾਰ ਸੂਚਨਾ ਨਹੀਂ ਦਿੱਤੀ ਜਾ ਸਕਦੀ। ਇਸ ਲਈ ਅਪੀਲਕਰਤਾ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਸੀ।

3. ਹਾਜ਼ਰ ਉੱਤਰਦਾਤਾ ਵੱਲੋਂ ਦੱਸਿਆ ਗਿਆ ਸੀ ਕਿ ਉਨ੍ਹਾਂ ਵੱਲੋਂ ਮਿਤੀ 04-09-2018 ਨੂੰ ਅਪੀਲਕਰਤਾ ਨੂੰ ਸੂਚਨਾ ਭੇਜੀ ਗਈ ਹੈ ਜਦੋਂ ਕਿ ਅਪੀਲਕਰਤਾ ਦੇ ਦੱਸਣ ਮੁਤਾਬਿਕ ਉਨ੍ਹਾਂ ਵੱਲੋਂ ਇਹ ਪੱਤਰ ਮਿਤੀ 26-09-2018 ਨੂੰ ਰਜਿਸਟਰੀ ਰਾਹੀਂ ਭੇਜਿਆ ਗਿਆ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ ਵੱਲੋਂ ਕਮਿਸ਼ਨ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਹਦਾਇਤ ਕੀਤੀ ਗਈ ਸੀ ਕਿ ਮਿਤੀ 04-09-2018 ਵਾਲੇ ਪੱਤਰ ਨੂੰ 22 ਦਿਨ ਲੇਟ ਪੋਸਟ ਕਰਨ ਲਈ ਸਬੰਧਤ ਕਰਮਚਾਰੀ ਦੀ ਜ਼ਿੰਮੇਵਾਰ ਨਿਸਚਿਤ ਕਰਦੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 15-01-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਪੇਸ਼ੀ, ਮਿਤੀ 15-01-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਈ.ਮੇਲ., ਮਿਤੀ 14-01-2018 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਿਰੁੱਧ ਕਾਰਵਾਈ ਕਰਨ ਅਤੇ ਮੰਗੀ ਗਈ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਸੀ ਜਿਸ ਦਾ ਕਮਿਸ਼ਲ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਸੀ। ਇਸ ਕਰਕੇ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 15-01-2019 ਰਾਹੀਂ ਉੱਤਰਦਾਤਾ, ਡਾਕਟਰ ਲਖਵਿੰਦਰ ਸਿੰਘ, ਡਿਪਟੀ ਡਾਇਰੈਕਟਰ-ਕਮ-ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ, ਸਿੱਖਿਆ ਭਵਨ, ਮੁਹਾਲੀ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਗਿਆ ਸੀ ਅਤੇ ਉਸ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 13-02-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਜਾਂਦਾ ਹੈ।

5. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ, ਸ਼੍ਰੀ ਲਖਵਿੰਦਰ ਸਿੰਘ, ਡਿਪਟੀ ਡਾਇਰੈਕਟਰ-ਕਮ-ਲੋਕ ਸੂਚਨਾ ਅਧਿਕਾਰੀ ਵੱਲੋਂ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 15-01-2019 ਸਬੰਧੀ ਕਿਹਾ ਗਿਆ ਹੈ ਕਿ ਪੇਸ਼ੀ ਮਿਤੀ 15-01-2019 ਤੇ ਵਿਭਾਗ ਦਾ ਕੋਈ ਵੀ ਕਰਮਚਾਰੀ ਹਾਜ਼ਰ ਨਾ ਹੋਣ ਬਾਰੇ ਜਾਣਬੁੱਝ ਕੇ ਕੋਈ ਅਣਗਹਿਲੀ ਨਹੀਂ ਕੀਤੀ ਗਈ। ਇਸ ਸਬੰਧੀ ਉਨ੍ਹਾਂ ਵੱਲੋਂ ਆਪਣਾ ਸਪੱਸ਼ਟੀਕਰਣ ਪੇਸ਼ ਕਰਦੇ ਹੋਏ ਦੱਸਿਆ ਗਿਆ ਹੈ ਕਿ ਡੀਲਿੰਗ ਹੈਂਡ ਛੁੱਟੀ ਤੇ ਹੋਣ ਕਾਰਨ ਕੋਈ ਕਰਮਚਾਰੀ ਮਾਣਯੋਗ ਕਮਿਸ਼ਨ ਦੇ ਸਨਮੁੱਖ ਹਾਜ਼ਰ ਨਹੀਂ ਹੋ ਸਕਿਆ ਜਿਸ ਲਈ ਉਨ੍ਹਾਂ ਵੱਲੋਂ ਤਹਿ-ਦਿਲੋਂ ਅਫਸੋਸ ਜ਼ਾਹਿਰ ਕਰਦੇ ਹੋਏ ਕਮਿਸ਼ਨ ਕੋਲੋਂ ਬਿਨਾਂ ਸ਼ਰਤ ਮਾਫ਼ੀ ਮੰਗੀ ਗਈ ਹੈ। ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਨ ਦੇ ਸਬੰਧ ਵਿੱਚ ਉੱਤਰਦਾਤਾ ਵੱਲੋਂ ਕਿਹਾ ਗਿਆ ਹੈ ਕਿ ਉਨ੍ਹਾਂ ਵੱਲੋਂ ਰਾਹੀ ਅਪੀਲਕਰਤਾ ਨੂੰ ਮਿਤੀ 04-09-2018 ਨੂੰ ਪੱਤਰ ਲਿਖਿਆ ਗਿਆ ਸੀ ਜ਼ੋ ਕਿ ਅਪੀਲਕਰਤਾ ਨੂੰ ਮਿਤੀ 29-09-2018 ਨੂੰ ਪ੍ਰਾਪਤ ਹੋਇਆ ਸੀ, ਜਿਸ ਅਨੁਸਾਰ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਸੀ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਆਰ.ਟੀ.ਆਈ. ਐਕਟ ਦੀ ਧਾਰਾ 8(।।) ਬੀ ਦੇ ਅਨੁਸਾਰ ਦਿੱਤੀ ਨਹੀਂ ਜਾ ਸਕਦੀ ਕਿਉਂਕਿ ਐਸ.ਐਸ.ਡੀ. ਗਰਲਜ਼ ਕਾਲਜ ਬਠਿੰਡਾ ਨਾਲ ਮਾਨਯੋਗ ਹਾਈ ਕੋਰਟ ਵਿਖੇ ਮਾਮਲਾ ਪੈਂਡਿੰਗ ਹੈ। ਇਸ ਤੋਂ ਇਲਾਵਾ ਉੱਤਰਦਾਤਾ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਉਹ ਕਾਨੂੰਨ ਦਾ ਸਨਮਾਨ ਕਰਨਾ ਵਾਲ ਜ਼ਿੰਮੇਵਾਰ ਨਾਗਰਿਕ ਹੈ ਅਤੇ ਦੇਸ਼ ਦੀਆਂ ਸਾਰੀਆਂ ਅਦਾਲਤਾਂ ਅਤੇ ਕਮਿਸ਼ਨ ਦਾ ਆਦਰ ਕਰਦਾ ਹੈ। ਉਸ ਵੱਲੋਂ ਇਹ ਵਿਸ਼ਵਾਸ਼ ਦਿਵਾਇਆ ਗਿਆ ਹੈ ਕਿ ਭਵਿੱਖ ਵਿੱਚ ਜ਼ੋ ਹੁਕਮ ਮਾਨਯੋਗ ਅਦਾਲਤ ਵੱਲੋਂ ਕੀਤੇ ਜਾਣਗੇ ਉਨ੍ਹਾਂ ਅਦੇਸ਼ਾਂ ਦਾ ਪਾਲਣ ਕਰਦਾ ਰਹਾਂਗਾ।

6. ਅਪੀਲਕਰਤਾ ਨੇ ਆਪਣੇ ਪੱਤਰ, ਮਿਤੀ 13-02-2019 ਰਾਹੀਂ ਆਪਣਾ ਜਵਾਬ ਪੇਸ਼ ਕੀਤਾ ਹੈ ਜੋ

ਚਲਦਾ---ਪੰਨਾ/3

ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਵੱਲੋਂ ਆਪਣੇ ਜਵਾਬ ਵਿੱਚ ਕਿਹਾ ਗਿਆ ਹੈ ਕਿ ਅੱਜ ਪੇਸ਼ੀ ਦੌਰਾਨ ਉੱਤਰਦਾਤਾ ਵੱਲੋ ਦਿੱਤੀਆ ਜਾ ਰਹੀਆਂ ਦਲੀਲਾਂ ਤੋਂ ਇਹ ਬਿਲਕੁੱਲ ਸਪੱਸ਼ਟ ਹੋ ਗਿਆ ਹੈ ਕਿ ਲੋਕ ਸੂਚਨਾ ਅਧਿਕਾਰੀ ਅਤੇ ਪਹਿਲੀ ਅਪੀਲੀ ਅਥਾਰਟੀ ਵੱਲੋਂ ਨਿਰਾਧਾਰ ਅਤੇ ਝੂਠੇ ਆਧਾਰ ਤੇ ਸੂਚਨਾ ਮੁਹੱਈਆ ਕਰਨ ਤੋਂ ਇੰਨਕਾਰ ਕੀਤਾ ਜਾ ਰਿਹਾ ਹੈ। ਉਸ ਵੱਲੋਂ ਦੱਸਿਆ ਗਿਆ ਹੈ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਦੇਣ ਬਾਰੇ ਆਰ.ਟੀ.ਆਈ. ਐਕਟ, 2005 ਦੀ ਧਾਰਾ 8(।।) ਬੀ ਤਹਿਤ ਕੋਈ ਛੋਟ ਨਹੀਂ ਹੈ। ਉਸ ਵੱਲੋ ਦੋਸ਼ ਲਗਾਇਆ ਗਿਆ ਹੈ ਕਿ ਉੱਤਰਦਾਤਾ ਆਪਣੇ ਮੀਮੋ:ਨੰ:1/26-2007-ਪੈਨਸ਼ਨ ਸੈੱਲ, ਮਿਤੀ 02-01-2008 ਰਾਹੀਂ ਜਾਰੀ ਕੀਤੇ ਗਏ ਹੁਕਮਾਂ ਦੀ ਪਾਲਣਾ ਕਰਾਉਣ ਵਿੱਚ ਅਸਫਲ ਰਿਹਾ ਹੈ ਅਤੇ ਇਹ ਸਾਰਾ ਕੁੱਝ ਉਸ ਵੱਲੋਂ ਪੰਜਾਬ ਦੇ ਸਹਾਇਤਾ ਪ੍ਰਾਪਤ ਪ੍ਰਾਈਵੇਟ ਕਾਲਿਜਾਂ ਦੀ ਮੈਨੇਜਮੈਂਟ ਦੀ ਮਿਲੀ-ਭੁਗਤ ਨਾਲ ਕੀਤਾ ਗਿਆ ਹੈ।ਉਸ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਉੱਤਰਦਾਤਾ ਵੱਲੋਂ ਕਮਿਸ਼ਨ ਦੇ ਹੁਕਮਾਂ ਅਤੇ ਹਦਾਇਤਾਂ ਮਿਤੀ 11-12-2018 ਦੀ ਪਾਲਣਾ ਵੀ ਨਹੀਂ ਕੀਤੀ ਗਈ।ਇਸ ਤਰ੍ਹਾਂ ਉਸ ਵੱਲੋ ਕਿਹਾ ਗਿਆ ਹੈ ਕਿ ਉਹ ਇੱਕ ਸੀਨੀਅਰ ਸਿਟੀਜਨ ਹੋਣ ਦੇ ਬਾਵਜੂਦ ਉੱਤਰਦਾਤਾ ਵੱਲੋਂ ਸੂਚਨਾ ਮੁਹੱਈਆ ਨਾ ਕਰਕੇ ਪਿਛਲੇ 9 ਮਹੀਨਿਆਂ ਤੋਂ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਇਸ ਲਈ ਉਸ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਉਸ ਨੂੰ ਹੋਈ ਫਿਜ਼ੀਕਲ ਅਤੇ ਮਾਨਸਿਕ ਪ੍ਰੇਸ਼ਾਨੀ ਕਾਰਨ ਮੁਆਵਜ਼ਾ ਦਿੱਤਾ ਜਾਵੇ ਅਤੇ ਉੱਤਰਦਾਤਾ ਨੂੰ ਸਜ਼ਾ ਵੀ ਦਿੱਤੀ ਜਾਵੇ।

7. ਦੋਵੇਂ ਧਿਰਾਂ ਦੀਆਂ ਦਲੀਲਾਂ ਸੁਣਨ ਅਤੇ ਦਫ਼ਤਰੀ ਰਿਕਾਰਡ ਨੂੰ ਘੋਖਣ ਉਪਰੰਤ ਕਮਿਸ਼ਨ ਨੇ ਇਹ ਪਾਇਆ ਹੈ ਕਿ ਉੱਤਰਦਾਤਾ ਵੱਲੋਂ ਆਪਣੇ ਜਵਾਬ ਵਿੱਚ ਐਸ.ਐਸ.ਡੀ. ਗਰਲਜ਼ ਕਾਲਜ ਬਠਿੰਡਾ ਨਾਲ ਮਾਨਯੋਗ ਹਾਈ ਕੋਰਟ ਵਿਖੇ ਮਾਮਲਾ ਪੈਂਡਿੰਗ ਹੋਣ ਕਾਰਨ ਅਪੀਲਕਰਤਾ ਨੂੰ ਸੂਚਨਾ ਨਹੀਂ ਦਿੱਤੀ ਜਾਣ ਬਾਰੇ ਕਿਹਾ ਗਿਆ ਹੈ ਜੋ ਕਿ ਤਸੱਲੀਬਖਸ਼ ਨਹੀਂ ਹੈ ਕਿਉਂਕਿ ਉੱਤਰਦਾਤਾ ਵੱਲੋਂ ਇਸ ਬਾਰੇ ਇਹ ਸਪੱਸ਼ਟ ਨਹੀਂ ਕੀਤਾ ਗਿਆ ਕਿ ਕਿਹੜੇ ਵਿਸ਼ੇ ਨਾਲ ਸਬੰਧਤ ਮਾਮਲਾ ਕੋਰਟ ਵਿਖੇ ਪੈਂਡਿੰਗ ਹੈ ਅਤੇ ਉਸ ਦਾ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਨਾਲ ਕੀ ਸਬੰਧ ਹੈ। ਇਸ ਤੋਂ ਇਲਾਵਾ ਉੱਤਰਦਾਤਾ ਵੱਲੋਂ ਆਰ.ਟੀ.ਆਈ. ਐਕਟ, 2005 ਦੀ ਜਿਹੜੀ ਧਾਰਾ "8 (।।) ਬੀ" ਦਾ ਜ਼ਿਕਰ ਆਪਣੇ ਪੱਤਰ ਵਿੱਚ ਕੀਤਾ ਗਿਆ ਹੈ ਉਹ ਵੀ ਸਹੀ ਨਹੀਂ ਹੈ ਕਿਉਂਕਿ ਇਹ ਧਾਰਾ ਐਕਟ ਵਿੱਚ ਕਿਤੇ ਵੀ ਮੌਜੂਦ ਨਹੀਂ ਹੈ। ਕਮਿਸ਼ਨ ਇਹ ਵੀ ਮਹਿਸੂਸ ਕਰਦਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸਾਰੀ ਸੂਚਨਾ ਦੇਣ ਤੋਂ ਇੰਨਕਾਰ ਨਹੀਂ ਕੀਤਾ ਜਾ ਸਕਦਾ। **ਇਸ ਮਾਮਲੇ ਨੂੰ ਹੋਰ ਡੂੰਘਾਈ ਨਾਲ ਵਿਚਾਰਨ ਲਈ ਇਸ ਕੇਸ ਵਿੱਚ ਫੈਸਲਾ ਰਿਜ਼ਰਵ ਰੱਖਿਆ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 13 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਮੇਵਾ ਸਿੰਘ, (94173-60789)
ਪੁੱਤਰ ਸ਼੍ਰੀ ਬੀਰਬਲ ਸਿੰਘ,
ਵਾਰਡ ਨੰ 3, ਉੱਡਤ ਰੋਡ, ਬੋਹਾ,
ਤਹਿਸੀਲ ਬੁਢਲਾਡਾ,
ਜ਼ਿਲ੍ਹਾ ਮਾਨਸਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਪੰਚਾਇਤ, ਬੋਹਾ, ਤਹਿਸੀਲ ਬੁਢਲਾਡਾ,
ਜ਼ਿਲ੍ਹਾ ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਬਠਿੰਡਾ। -------ਉੱਤਰਦਾਤਾ

**ਅਪੀਲ ਕੇਸ ਨੰ: 4130 ਆਫ਼ 2018**

**ਹਾਜ਼ਰ:-**

1) ਸ਼੍ਰੀ ਮੇਵਾ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਡੀ.ਸੀ. ਸਿੰਘ, ਜੂਨੀਅਰ ਸਹਾਇਕ (75298-00142) ਅਤੇ ਸ਼੍ਰੀ ਧਰਮ ਪਾਲ, ਇੰਸਪੈਕਟਰ (99152-58640)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 26-07-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਬੋਹਾ, ਜ਼ਿਲ੍ਹਾ ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਗਰ ਪੰਚਾਇਤ, ਬੋਹਾ ਦੇ ਹੋਂਦ ਵਿੱਚ ਆਉਣ ਸਮੇਂ ਤੋਂ ਕੋਆਪ੍ਰੇਟਿਵ ਸੁਸਾਇਟੀ ਵਿਖੇ ਨਗਰ ਪੰਚਾਇਤ ਦੀ 10 ਮਰਲੇ ਜ਼ਮੀਨ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 27-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 28-01-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਡੀ.ਸੀ. ਸਿੰਘ, ਜੂਨੀਅਰ ਸਹਾਇਕ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਪੱਤਰ ਨੰ:971, ਮਿਤੀ 26-10-2018 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ ਜੋ ਕਿ ਅਪੀਲਕਰਤਾ ਵੱਲੋਂ ਮਿਤੀ 31-10-2018 ਨੂੰ ਪ੍ਰਾਪਤ ਵੀ ਕੀਤੀ ਹੋਈ ਹੈ। ਉੱਤਰਦਾਤਾ ਵੱਲੋਂ ਇਸ ਬਾਰੇ ਪੱਤਰ ਨੰ:58, ਮਿਤੀ 14-01-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਪਰੰਤੂ ਉਸ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਉਸ ਨੂੰ ਸੂਚਨਾ ਲੇਟ ਦਿੱਤੀ ਗਈ ਹੈ। ਇਸ ਕਰਕੇ ਉਸ ਵੱਲੋਂ ਮੁਆਵਜ਼ੇ ਦੀ ਮੰਗ ਕੀਤੀ ਗਈ ਹੈ।

3. ਕਮਿਸ਼ਨ ਵੱਲੋ ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 26-07-2018 ਨੂੰ ਆਰ.ਟੀ.ਆਈ. ਅਰਜ਼ੀ ਦਾਇਰ ਕੀਤੀ ਗਈ ਸੀ ਪਰੰਤੂ ਉੱਤਰਦਾਤਾ (ਲੋਕ ਸੂਚਨਾ

ਚਲਦਾ----ਪੰਨਾ/2

ਅਧਿਕਾਰੀ) ਵੱਲੋ ਉਸ ਨੂੰ 03 ਮਹੀਨੇ ਤੋਂ ਵੀ ਬਾਅਦ ਸੂਚਨਾ ਮੁਹੱਈਆ ਕਰਵਾਈ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਦੇ ਫਲਸਰੂਪ ਅਪੀਲਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਹਦਾਇਤ ਕੀਤੀ ਜਾਂਦੀ ਹੈ ਕਿ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਸਰਕਾਰੀ ਖਜ਼ਾਨੇ ਵਿੱਚੋਂ ਅਦਾਇਗੀ ਕਰਕੇ ਸਬੂਤ ਵਜੋਂ ਰਸੀਦ ਪੇਸ਼ੀ ਦੀ ਅਗਲੀ ਮਿਤੀ ਤੇ ਪੇਸ਼ ਕੀਤੀ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 18-03-2019 ਨੂੰ ਸਵੇਰੇ 11.30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 13 ਫਰਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਜਗਤਾਰ ਸਿੰਘ,(ਮੋਬ 99880-20005)
ਈ-85, ਪੰਜਾਬੀ ਯੂਨੀਵਰਸਿਟੀ ਕੈਂਪਸ,
ਪਟਿਆਲਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ: 4319 ਆਫ਼ 2018**

**ਹਾਜ਼ਰ:-**

1) ਸ਼੍ਰੀ ਜਗਤਾਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ (98554-93346)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-03-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਆਪਣੇ ਜੀ.ਪੀ.ਫੰਡ ਅਤੇ ਐਨ.ਪੀ.ਐਸ. ਕਰਮਚਾਰੀਆਂ ਦੇ ਜੀ.ਪੀ.ਫੰਡ ਨਾਲ ਸਬੰਧਤ 11 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 14-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਨੁਕਤਾਵਾਰ ਸੂਚਨਾ ਪਹਿਲਾਂ ਹੀ ਅਪੀਲਕਰਤਾ ਨੂੰ ਮਿਤੀ 09-11-2019 ਨੂੰ ਦਿੱਤੀ ਜਾ ਚੁੱਕੀ ਹੈ ਜ਼ੋ ਕਿ ਉਸ ਵੱਲੋਂ ਮਿਤੀ 12-11-2018 ਨੂੰ ਦਸਤੀ ਪ੍ਰਾਪਤ ਕਰ ਲਈ ਸੀ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:963/ਐਸ-7/600-18/ਆਰ.ਟੀ.ਆਈ. ਸੈੱਲ, ਮਿਤੀ 06-02-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਉੱਤਰ ਮਿਲ ਗਿਆ ਹੈ ਪਰੰਤੂ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਮੁਕੰਮਲ ਸੂਚਨਾ ਮਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 07-03-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 13 ਫਰਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸ਼ਾਮ ਲਾਲ ਸਿੰਗਲਾ, (99141-33001)
ਬੀ-325, ਗੁਰੂ ਨਾਨਕ ਕਲੋਨੀ,
ਸੰਗਰੂਰ।

-----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਵਧੀਕ ਡਿਪਟੀ ਕਮਿਸ਼ਨਰ (ਵਿਕਾਸ),
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਕਮਿਸ਼ਨਰ,
ਸੰਗਰੂਰ।

------ਉੱਤਰਦਾਤਾ

**ਅਪੀਲ ਕੇਸ ਨੰ: 4320 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰੁਪਿੰਦਰ ਸਿੰਘ, ਸਹਾਇਕ (84379-51978)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-09-2018, ਲੋਕ ਸੂਚਨਾ ਅਧਿਕਾਰੀ ਦਫਤਰ ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਪੱਤਰ ਨੰ:2476-85, ਮਿਤੀ 14-09-2018 ਰਾਹੀਂ ਜਿਹੜੇ ਕਰਮਚਾਰੀਆਂ ਦੀ ਚੋਣ ਡਿਊਟੀ ਕੱਟੀ ਗਈ ਸੀ, ਉਨ੍ਹਾਂ ਕਰਮਚਾਰੀਆਂ ਦੇ ਦਫ਼ਤਰੀ ਐਡਰੈੱਸ ਆਦਿ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 14-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 04-02-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਸ ਕੇਸ ਦੀ ਸੁਣਵਾਈ ਵੀਡਿਓ ਕਾਨਫਰੰਸ ਰਾਹੀਂ ਕਰਨ ਲਈ ਵੀ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰੁਪਿੰਦਰ ਸਿੰਘ, ਸਹਾਇਕ ਨੇ ਪੱਤਰ ਨੰ:ਡੀ.ਆਰ.ਡੀ.ਏ/ਆਰ.ਟੀ.ਆਈ./2019/5345, ਮਿਤੀ 08-02-2019 ਦੀ ਦਫ਼ਤਰੀ ਕਾਪੀ ਪੇਸ਼ ਕੀਤੀ ਹੈ ਜ਼ੋ ਕਿ ਮਿਸਲ ਤੇ ਰੱਖ ਲਈ ਗਈ ਹੈ। ਇਸ ਪੱਤਰ ਰਾਹੀਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਆਪਣੀ ਪ੍ਰਤੀਬੇਨਤੀ, ਮਿਤੀ 17-09-2018 ਰਾਹੀਂ ਕੱਟੀਆਂ ਗਈਆਂ ਚੋਣ

ਚਲਦਾ---ਪੰਨਾ/2

ਡਿਊਟੀਆਂ ਸਬੰਧੀ ਕਰਮਚਾਰੀਆਂ ਦੇ ਐਡਰੈੱਸ, ਛੁੱਟੀ ਕੱਟਣ ਦਾ ਕਾਰਨ, ਛੁੱਟੀ ਕੱਟਣ ਲਈ ਦਿੱਤੀ ਅਰਜ਼ੀ ਸਮੇਤ ਨੋਟਿੰਗਜ਼, ਮਾਰਕਿੰਗਜ਼ ਅਤੇ ਫਾਈਲ ਆਰਡਰਾਂ ਦੀ ਕਾਪੀ ਮੰਗੀ ਗਈ ਸੀ। ਇਸ ਸਬੰਧੀ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:3674-ਏ, ਮਿਤੀ 01-10-2018 ਰਾਹੀਂ ਅਪੀਲਕਰਤਾ ਨੂੰ ਲਿਖਿਆ ਗਿਆ ਸੀ ਕਿ ਜਿਸ ਰੂਪ ਵਿੱਚ ਉਸ ਵੱਲੋਂ ਸੂਚਨਾ ਮੰਗੀ ਗਈ ਹੈ ਉਸ ਰੂਪ ਵਿੱਚ ਉਨ੍ਹਾਂ ਦੇ ਦਫ਼ਤਰ ਵਿੱਚ ਸੂਚਨਾ ਉਪਲਬਧ ਨਹੀਂ ਹੈ। ਇਸ ਲਈ ਜੇਕਰ ਉਹ ਮੰਗੀ ਗਈ ਸੂਚਨਾ ਸਬੰਧੀ ਕੋਈ ਰਿਕਾਰਡ ਦੇਖਣਾ ਚਾਹੁੰਦੇ ਸਨ ਤਾਂ ਉਨ੍ਹਾਂ ਦੇ ਦਫ਼ਤਰ ਦੇ ਕਮਰਾ ਨੰ:10 ਵਿੱਚ ਮਿਤੀ 15-10-2018 ਨੂੰ ਦੁਪਹਿਰ 12-00 ਤੋਂ 1-00 ਵਜੇ (ਬਾਅਦ ਦੁਪਹਿਰ) ਤੱਕ ਦੇਖ ਸਕਦੇ ਸਨ ਪਰੰਤੂ ਅਪੀਲਕਰਤਾ ਵੱਲੋਂ ਉਨ੍ਹਾਂ ਦੇ ਦਫ਼ਤਰ ਨਾਲ ਕਦੇ ਵੀ ਸੰਪਰਕ ਨਹੀਂ ਕੀਤਾ ਗਿਆ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕਮਿਸ਼ਨ ਨੂੰ ਪੇਸ਼ ਕੀਤੇ ਗਏ ਜਵਾਬ ਨੂੰ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ ਕਿਉਂਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਵਿੱਚ ਕੋਈ ਲੋਕ ਹਿੱਤ ਨਜ਼ਰ ਨਹੀਂ ਆਉਂਦਾ। ਇਸ ਤੋਂ ਇਲਾਵਾ ਅਪੀਲਕਰਤਾ ਵੱਲੋਂ ਉੱਤਰਦਾਤਾ ਦੇ ਦਫ਼ਤਰ ਨਾਲ ਸੰਪਰਕ ਨਹੀਂ ਕੀਤਾ ਗਿਆ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਉਹ ਸੂਚਨਾ ਲੈਣ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 13 **ਫਰਵਰੀ,** 2019.

ਪੰਜਾਬ ਰਾਜ ਸੂਚਨਾ ਕਮਿਸ਼ਨ
ਪੰਜਾਬ ਰੈੱਡ ਕਰਾਸ ਭਵਨ ਨਜਦੀਕ ਰੋਜ ਗਾਰਡਨ,ਸੈਕਟਰ 16 ਚੰਡੀਗੜ੍ਹ
E-mail :- psic23@punjabmail.gov.in, Phone No. 0172-2864113
(www.infocommpunjab.com) Fax : 0172-2864125,2864110

ਸ਼੍ਰੀ ਦੇਵਿੰਦਰ ਸਿੰਘ,
ਪੁੱਤਰ ਸ਼੍ਰੀ ਮਲਕੀਤ ਸਿੰਘ,
ਵਾਸੀ ਢਿਲਵਾਂ ਨਾਭਾ,
ਤਹਿਸੀਲ ਤਪਾ,
ਜ਼ਿਲ੍ਹਾ ਬਰਨਾਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਗੁਰੂ ਗੋਬਿੰਦ ਸਿੰਘ ਕਾਲਿਜ, ਸੰਘੇੜਾ,
ਬਰਨਾਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ,
ਈ-ਬਲਾਕ, 7ਵੀਂ ਮੰਜ਼ਿਲ, ਫੇਸ-8,
ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:2498 ਆਫ 2014**

**ਹਾਜ਼ਰ:**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਰੀਹੰਤ ਗੋਇਲ, ਐਡਵੋਕੇਟ (88721-00053)।

**ਹੁਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਰੀਹੰਤ ਗੋਇਲ, ਐਡਵੋਕੇਟ ਨੇ ਕਿਹਾ ਹੈ ਕਿ ਉਸ ਕੋਲ ਅਪੀਲਕਰਤਾ ਦੀ ਆਰ.ਟੀ.ਆਈ. ਨਹੀਂ ਹੈ। ਇਸ ਲਈ ਉਨ੍ਹਾਂ ਵੱਲੋ ਆਰ.ਟੀ.ਆਈ. ਦੀ ਕਾਪੀ ਦੀ ਮੰਗ ਕਰਦੇ ਹੋਏ ਕੇਸ ਦੀ ਪੈਰਵਾਈ ਲਈ ਸਮੇਂ ਦੀ ਮੰਗ ਕੀਤੀ ਗਈ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 19-03-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 13 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**